**ਗੂਜਰੀ ॥ ਅੰਤਿ ਕਾਲਿ ਜੋ ਲਛਮੀ ਸਿਮਰੈ ਐਸੀ ਚਿੰਤਾ ਮਹਿ ਜੇ ਮਰੈ ॥ ਸਰਪ ਜੋਨਿ ਵਲਿ ਵਲਿ ਅਉਤਰੈ ॥੧॥ ਅਰੀ ਬਾਈ ਗੋਬਿਦ ਨਾਮੁ ਮਤਿ ਬੀਸਰੈ ॥ ਰਹਾਉ ॥ ਅੰਤਿ ਕਾਲਿ ਜੋ ਇਸਤ੍ਰੀ ਸਿਮਰੈ ਐਸੀ ਚਿੰਤਾ ਮਹਿ ਜੇ ਮਰੈ ॥ ਬੇਸਵਾ ਜੋਨਿ ਵਲਿ ਵਲਿ ਅਉਤਰੈ ॥੨॥ ਅੰਤਿ ਕਾਲਿ ਜੋ ਲੜਿਕੇ ਸਿਮਰੈ ਐਸੀ ਚਿੰਤਾ ਮਹਿ ਜੇ ਮਰੈ ॥ ਸੂਕਰ ਜੋਨਿ ਵਲਿ ਵਲਿ ਅਉਤਰੈ ॥੩॥ ਅੰਤਿ ਕਾਲਿ ਜੋ ਮੰਦਰ ਸਿਮਰੈ ਐਸੀ ਚਿੰਤਾ ਮਹਿ ਜੇ ਮਰੈ ॥ ਪ੍ਰੇਤ ਜੋਨਿ ਵਲਿ ਵਲਿ ਅਉਤਰੈ ॥੪॥ ਅੰਤਿ ਕਾਲਿ ਨਾਰਾਇਣੁ ਸਿਮਰੈ ਐਸੀ ਚਿੰਤਾ ਮਹਿ ਜੇ ਮਰੈ ॥ ਬਦਤਿ ਤਿਲੋਚਨੁ ਤੇ ਨਰ ਮੁਕਤਾ ਪੀਤੰਬਰੁ ਵਾ ਕੇ ਰਿਦੈ ਬਸੈ ॥੫॥੨॥ {ਪੰਨਾ 526}**

ਪਦਅਰਥ:- ਅੰਤਿ ਕਾਲਿ—ਅੰਤ ਦੇ ਵੇਲੇ, ਮਰਨ ਸਮੇਂ। ਲਛਮੀ—ਮਾਇਆ, ਧਨ। ਸਿਮਰੈ—ਚੇਤੇ ਕਰਦਾ ਹੈ। ਵਲਿ ਵਲਿ—ਮੁੜ ਮੁੜ। ਅਉਤਰੈ—ਜੰਮਦਾ ਹੈ।1।

ਅਰੀ ਬਾਈ—ਹੇ ਭੈਣ! ਮਤਿ—ਮਤਾਂ, ਨਾਹ। ਰਹਾਉ।

ਸੂਕਰ—ਸੂਰ।3।

ਬਦਤਿ—ਆਖਦਾ ਹੈ। ਮੁਕਤਾ—ਮਾਇਆ ਦੇ ਬੰਧਨਾਂ ਤੋਂ ਆਜ਼ਾਦ। ਪੀਤੰਬਰੁ—(ਪੀਤ+ਅੰਬਰ) ਪੀਲੇ ਕੱਪੜਿਆਂ ਵਾਲਾ ਕ੍ਰਿਸ਼ਨ, ਪਰਮਾਤਮਾ। ਵਾ ਕੇ—ਉਸ ਦੇ।5।

ਅਰਥ:- ਹੇ ਭੈਣ! (ਮੇਰੇ ਲਈ ਅਰਦਾਸ ਕਰ) ਮੈਨੂੰ ਕਦੇ ਪਰਮਾਤਮਾ ਦਾ ਨਾਮ ਨਾਹ ਭੁੱਲੇ (ਤਾਂ ਜੁ ਅੰਤ ਵੇਲੇ ਭੀ ਉਹ ਪਰਮਾਤਮਾ ਹੀ ਚੇਤੇ ਆਵੇ)। ਰਹਾਉ।

ਜੋ ਮਨੁੱਖ ਮਰਨ ਵੇਲੇ ਧਨ-ਪਦਾਰਥ ਚੇਤੇ ਕਰਦਾ ਹੈ ਤੇ ਇਸੇ ਸੋਚ ਵਿਚ ਹੀ ਮਰ ਜਾਂਦਾ ਹੈ, ਉਹ ਮੁੜ ਮੁੜ ਸੱਪ ਦੀ ਜੂਨੇ ਪੈਂਦਾ ਹੈ।1।

ਜੋ ਮਨੁੱਖ ਮਰਨ ਸਮੇਂ (ਆਪਣੀ) ਇਸਤ੍ਰੀ ਨੂੰ ਹੀ ਯਾਦ ਕਰਦਾ ਹੈ ਤੇ ਇਸੇ ਯਾਦ ਵਿਚ ਪ੍ਰਾਣ ਤਿਆਗ ਦੇਂਦਾ ਹੈ, ਉਹ ਮੁੜ ਮੁੜ ਵੇਸਵਾ ਦਾ ਜਨਮ ਲੈਂਦਾ ਹੈ।2।

ਜੋ ਮਨੁੱਖ ਅੰਤ ਵੇਲੇ (ਆਪਣੇ) ਪੁੱਤ੍ਰਾਂ ਨੂੰ ਹੀ ਯਾਦ ਕਰਦਾ ਹੈ ਤੇ ਪੁੱਤ੍ਰਾਂ ਨੂੰ ਯਾਦ ਕਰਦਾ ਕਰਦਾ ਹੀ ਮਰ ਜਾਂਦਾ ਹੈ, ਉਹ ਸੂਰ ਦੀ ਜੂਨੇ ਮੁੜ ਮੁੜ ਜੰਮਦਾ ਹੈ।3।

ਜੋ ਮਨੁੱਖ ਅਖ਼ੀਰ ਵੇਲੇ (ਆਪਣੇ) ਘਰ ਮਹਲ-ਮਾੜੀਆਂ ਦੇ ਹਾਹੁਕੇ ਲੈਂਦਾ ਹੈ ਤੇ ਇਹਨਾਂ ਹਾਹੁਕਿਆਂ ਵਿਚ ਸਰੀਰ ਛੱਡ ਜਾਂਦਾ ਹੈ, ਉਹ ਮੁੜ ਮੁੜ ਪ੍ਰੇਤ ਬਣਦਾ ਹੈ।4।

ਤ੍ਰਿਲੋਚਨ ਆਖਦਾ ਹੈ—ਜੋ ਮਨੁੱਖ ਅੰਤ ਸਮੇਂ ਪਰਮਾਤਮਾ ਨੂੰ ਯਾਦ ਕਰਦਾ ਹੈ ਤੇ ਇਸ ਯਾਦ ਵਿਚ ਟਿਕਿਆ ਹੋਇਆ ਹੀ ਚੋਲਾ ਤਿਆਗਦਾ ਹੈ, ਉਹ ਮਨੁੱਖ (ਧਨ, ਇਸਤ੍ਰੀ, ਪੁੱਤਰ ਤੇ ਘਰ ਆਦਿਕ ਦੇ ਮੋਹ ਤੋਂ) ਆਜ਼ਾਦ ਹੋ ਜਾਂਦਾ ਹੈ, ਉਸ ਦੇ ਹਿਰਦੇ ਵਿਚ ਪਰਮਾਤਮਾ ਆਪ ਆ ਵੱਸਦਾ ਹੈ।5।2।

ਭਗਤ-ਬਾਣੀ ਦੇ ਵਿਰੋਧੀ ਸੱਜਣ ਤ੍ਰਿਲੋਚਨ ਜੀ ਦੇ ਇਹਨਾਂ ਦੋਹਾਂ ਸ਼ਬਦਾਂ ਬਾਰੇ ਇਉਂ ਲਿਖਦੇ ਹਨ— "ਗੂਜਰੀ ਰਾਗ ਵਾਲਾ ਸ਼ਬਦ ਕਿਸੇ ਜੈਚੰਦ ਨਾਮੀ ਉਦਾਸੀ ਨਾਲ ਚਰਚਾ ਦਾ ਹੈ। ਰਾਗ ਗੂਜਰੀ ਦੇ ਦੋਵੇਂ ਸ਼ਬਦ ਪੁਰਾਣਕ ਮਤ ਦੇ ਲੇਖਾਂ ਅਨੁਸਾਰ ਕਰਮਾਂ ਪਰ ਵਿਚਾਰ ਹੈ; ਜਿਹਾ ਕਿ 'ਅੰਤ ਕਾਲਿ ਜੋ ਲਛਮੀ ਸਿਮਰੈ'। ਭਗਤ ਜੀ ਨੇ ਪਤਾ ਨਹੀਂ ਕਿਵੇਂ ਕਿਆਫ਼ਾ ਲਾਇਆ ਕਿ ਇਸ ਤਰ੍ਹਾਂ ਕਰਨ ਵਾਲਾ ਇਸ ਜੂਨ ਅੰਦਰ ਜਾਵੇਗਾ। ਕਰਤੇ ਦੀਆਂ ਬਾਤਾਂ ਕਰਤਾ ਹੀ ਜਾਣ ਸਕਦਾ ਹੈ। ਇਸੇ ਰਾਗ ਦਾ ਦੂਜਾ ਸ਼ਬਦ 'ਨਾਰਾਇਣ ਨਿੰਦਸਿ ਕਾਇ ਭੂਲੀ ਗਵਾਰੀ' ਵਾਲਾ ਹੈ। "

ਇਉਂ ਜਾਪਦਾ ਹੈ ਕਿ ਸਾਡੇ ਵੀਰ ਨੇ ਭਗਤਾਂ ਦੀ ਬਾਣੀ ਦੇ ਵਿਰੁੱਧ ਕੁਝ ਨ ਕੁਝ ਲਿਖਣ ਦੀ ਸਹੁੰ ਖਾਧੀ ਹੋਈ ਹੈ। ਕਈ ਥਾਈਂ ਤਾਂ ਸਾਫ਼ ਪਿਆ ਦਿੱਸਦਾ ਹੈ ਕਿ ਵਿਰੋਧੀ ਸੱਜਣ ਨੇ ਸ਼ਬਦਾਂ ਨੂੰ ਗਹੁ ਨਾਲ ਪੜ੍ਹਨ ਦੀ ਖੇਚਲ ਭੀ ਨਹੀਂ ਕੀਤੀ। ਇਥੇ ਹੀ ਵੇਖੋ। ਗੂਜਰੀ ਰਾਗ ਵਿਚ ਤ੍ਰਿਲੋਚਨ ਜੀ ਦਾ "ਨਾਰਾਇਣ ਨਿੰਦਸਿ ਕਾਇ ਭੂਲੀ ਗਵਾਰੀ" ਵਾਲਾ ਸ਼ਬਦ ਨਹੀਂ ਹੈ। ਤੇ, ਪਹਿਲਾਂ ਲਿਖਦੇ ਹਨ ਕਿ ਗੂਜਰੀ ਰਾਗ ਦੇ ਦੋਵੇਂ ਸ਼ਬਦ ਕਰਮਾਂ ਪਰ ਵਿਚਾਰ ਹੈ। ਤ੍ਰਿਲੋਚਨ ਜੀ ਦਾ ਪਹਿਲਾ ਸ਼ਬਦ "ਅੰਤਰ ਮਲਿ, ਨਿਰਮਲੁ ਨਹੀ ਕੀਨਾ" ਗਹੁ ਨਾਲ ਪੜ੍ਹ ਕੇ ਵੇਖੋ। ਇਥੇ ਕਰਮਾਂ ਬਾਰੇ ਕੋਈ ਜ਼ਿਕਰ ਨਹੀਂ ਹੈ। ਸਾਰੇ ਸ਼ਬਦ ਵਿਚ ਭੇਖ ਦਾ ਖੰਡਣ ਕੀਤਾ ਹੋਇਆ ਹੈ, ਤੇ ਪਰਮਾਤਮਾ ਨਾਲ ਜਾਣ-ਪਛਾਣ ਪਾਣ ਤੇ ਜ਼ੋਰ ਦਿੱਤਾ ਗਿਆ ਹੈ। ਇਹੀ ਆਸ਼ਾ ਗੁਰਮਤਿ ਦਾ ਹੈ। ਪਰ ਸਾਡੇ ਸੱਜਣ ਜੀ ਲਿਖਦੇ ਹਨ ਕਿ "ਭਗਤ ਜੀ ਦੇ ਪੰਜੇ ਸ਼ਬਦ ਗੁਰਮਤਿ ਦੇ ਕਿਸੇ ਭੀ ਆਸ਼ੇ ਦਾ ਪਰਚਾਰ ਨਹੀਂ ਕਰਦੇ। "

ਹੁਣ ਰਹਿ ਗਿਆ ਗੂਜਰੀ ਰਾਗ ਵਿਚ ਭਗਤ ਜੀ ਦਾ ਦੂਜਾ ਸ਼ਬਦ। ਇਸ ਬਾਰੇ ਸਾਡਾ ਵੀਰ ਦੋ ਇਤਰਾਜ਼ ਕਰਦਾ ਹੈ:

(1) ਇਥੇ ਪੁਰਾਣਕ ਮਤ ਦੇ ਲੇਖਾਂ ਅਨੁਸਾਰ ਕਰਮਾਂ ਤੇ ਵਿਚਾਰ ਹੈ।

(2) ਭਗਤ ਜੀ ਨੇ ਕਿਵੇਂ ਕਿਆਫ਼ਾ ਲਾਇਆ ਕਿ ਇਸ ਤਰ੍ਹਾਂ ਕਰਨ ਵਾਲਾ ਇਸ ਜੂਨ ਵਿਚ ਜਾਵੇਗਾ।

ਇਹ ਗੱਲ ਬੜੀ ਸਾਦੀ ਜਿਹੀ ਹੈ। ਸ਼ਾਇਦ ਸਾਡੇ ਸੱਜਣ ਨੇ ਧਿਆਨ ਨਹੀਂ ਦਿੱਤਾ। ਭਗਤ ਤ੍ਰਿਲੋਚਨ ਜੀ ਆਪ ਬ੍ਰਾਹਮਣ ਜਾਤੀ ਦੇ ਸਨ। ਤੇ, ਇਸ ਸ਼ਬਦ ਦੀ ਰਾਹੀਂ ਹਿੰਦੂ ਜਾਤੀ ਦੇ ਭਰਾਵਾਂ ਨੂੰ ਸਿੱਖਿਆ

ਦੇ ਰਹੇ ਹਨ। ਹਿੰਦੂਆਂ ਵਿਚ ਹਿੰਦੂ ਧਰਮ ਦੇ ਪੁਰਾਣਾਂ ਸ਼ਾਸਤ੍ਰਾਂ ਵਾਲੇ ਹੀ ਖ਼ਿਆਲ ਕੁਦਰਤੀ ਤੌਰ ਤੇ ਪ੍ਰਚਲਤ ਸਨ। ਜੂਨਾਂ ਵਿਚ ਪੈਣ ਬਾਰੇ ਜੋ ਖ਼ਿਆਲ ਆਮ ਹਿੰਦੂ ਜਨਤਾ ਵਿਚ ਚੱਲੇ ਹੋਏ ਸਨ ਉਹਨਾਂ ਦਾ ਹੀ ਹਵਾਲਾ ਦੇ ਕੇ ਤ੍ਰਿਲੋਚਨ ਜੀ ਸਮਝਾ ਰਹੇ ਹਨ ਕਿ ਸਾਰੀ ਉਮਰ ਧਨ ਇਸਤ੍ਰੀ ਪੁੱਤਰ ਤੇ ਮਹਲ-ਮਾੜੀਆਂ ਦੇ ਧੰਧਿਆਂ ਵਿਚ ਹੀ ਇਤਨਾ ਖਚਿਤ ਨਾਹ ਰਹੋ ਕਿ ਮਰਨ ਵੇਲੇ ਭੀ ਸੁਰਤਿ ਇਹਨਾਂ ਵਿਚ ਹੀ ਟਿਕੀ ਰਹੇ। ਗ੍ਰਿਹਸਤ-ਜੀਵਨ ਦੀਆਂ ਜ਼ਿੰਮੇਵਾਰੀਆਂ ਇਸ ਤਰੀਕੇ ਨਾਲ ਨਿਭਾਓ ਕਿ ਕਿਰਤ-ਕਾਰ ਕਰਦਿਆਂ ਭੀ "ਅਰੀ ਬਾਈ, ਗੋਬਿੰਦ ਨਾਮੁ ਮਤਿ ਬੀਸਰੈ"; ਤਾਕਿ ਅੰਤ ਵੇਲੇ ਧਨ ਇਸਤ੍ਰੀ ਪੁੱਤਰ ਮਹਲ-ਮਾੜੀਆਂ ਵਿਚ ਸੁਰਤਿ ਭਟਕਣ ਦੇ ਥਾਂ ਮਨ ਪ੍ਰਭੂ-ਚਰਨਾਂ ਵਿਚ ਜੁੜੇ। ਸੋ, ਭਗਤ ਜੀ ਨੇ ਕੋਈ ਕਿਆਫ਼ਾ ਨਹੀਂ ਲਾਇਆ, ਹਿੰਦੂ ਜਨਤਾ ਵਿਚ ਚੱਲੇ ਹੋਏ ਖ਼ਿਆਲਾਂ ਨੂੰ ਹੀ ਉਹਨਾਂ ਦੇ ਸਾਹਮਣੇ ਰੱਖ ਕੇ ਉਹਨਾਂ ਨੂੰ ਹੀ ਸਹੀ ਜੀਵਨ ਦਾ ਰਸਤਾ ਦੱਸ ਰਹੇ ਹਨ।

ਸਾਡੇ ਵੀਰ ਨੇ ਬੜੀ ਕਾਹਲੀ ਵਿਚ ਇਹ ਟੋਕ ਕਰ ਦਿੱਤੀ ਹੈ। ਨਹੀਂ ਤਾਂ ਇਹ ਗੱਲ ਉਸੇ ਤਰ੍ਹਾਂ ਦੀ ਹੀ ਹੈ, ਜਿਵੇਂ ਮੁਸਲਮਾਨਾਂ ਨੂੰ ਸਮਝਾਣ ਵਾਸਤੇ ਸਤਿਗੁਰੂ ਨਾਨਕ ਦੇਵ ਜੀ ਨੇ ਹੇਠ ਲਿਖੇ ਸ਼ਲੋਕ ਦੀ ਰਾਹੀਂ ਉਹਨਾਂ ਵਿਚ ਚੱਲੇ ਹੋਏ ਖ਼ਿਆਲ ਦਾ ਹਵਾਲਾ ਦੇ ਕੇ ਰੱਬ ਦੀਆਂ ਵਹੀਆਂ ਦਾ ਜ਼ਿਕਰ ਕੀਤਾ ਹੈ:

"ਨਾਨਕ ਆਖੈ ਰੇ ਮਨਾ, ਸੁਣੀਐ ਸਿਖ ਸਹੀ।<br>
ਲੇਖਾ ਰਬੁ ਮੰਗੇਸੀਆ, ਬੈਠਾ ਕਢਿ ਵਹੀ। "।2।13। {ਸਲੋਕ ਮ: 1, ਰਾਮਕਲੀ ਕੀ ਵਾਰ ਮ: 3